# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 27-07-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਾਣ ਪ੍ਰਗਟ ਕੀਤਾ ਏ ਕਿ 21ਵੀਂ ਸਦੀ ਦੇ ਭਾਰਤ ਵਿੱਚ ਵਿਗਿਆਨ, ਨਵੀਂ ਊਰਜਾ ਨਾਲ ਅੱਗੇ ਵਧ ਰਿਹਾ ਏ । ਓਹਨਾਂ ਕਿਹਾ ਕਿ ਭਾਰਤੀ ਪੁਲਾੜ ਯਾਤਰੀ ਸ਼ੁਭਾਂਸ਼ੂ ਸ਼ੁਕਲਾ ਦੀ ਸੁਰੱਖਿਅਤ ਵਾਪਸੀ ਨਾਲ ਪੂਰੇ ਦੇਸ਼ ਵਿੱਚ ਖੁਸ਼ੀ ਦੀ ਲਹਿਰ ਏ ।
- ਆਕਾਸ਼ਵਾਣੀ'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ - ਸਿਰਫ ਆਤਮ-ਨਿਰਭਰਤਾ ਹੀ 2047 ਵਿੱਚ ਇੱਕ ਵਿਕਸਤ ਭਾਰਤ ਬਣਾਏਗੀ।
- ਪੰਜਾਬ ਪੁਲਿਸ ਨੇ ਅੰਮ੍ਰਿਤਸਰ ਵਿੱਚ, ਅਤਿ-ਆਧੁਨਿਕ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਇੱਕ ਵੱਡੇ ਸਰਹੱਦ ਪਾਰ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ, ਪਾਕਿਸਤਾਨੀ ਏਜੇਂਸੀ, ISI ਨਾਲ ਸਬੰਧ ਰੱਖਣ ਦੇ ਦੋਸ਼ ਵਿੱਚ, ਪੰਜ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਏ।

- ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪਹਿਲੀ ਅਗਸਤ ਤੋਂ ਨਸ਼ਿਆਂ ਵਿਰੁੱਧ ਵਿਸ਼ੇ ਦੀ ਪੜ੍ਹਾਈ ਸ਼ੁਰੂ ਹੋਵੇਗੀ।
- ਪੰਜਾਬ ਵਿੱਚ, ਅੱਜ ਕਈ ਪਿੰਡਾਂ 'ਚ ਪੰਚਾਇਤੀ ਜ਼ਿਮਨੀ ਚੋਣਾਂ ਲਈ ਵੋਟਾਂ ਪਈਆਂ.

---------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਇਸ ਗੱਲ 'ਤੇ ਮਾਣ ਪ੍ਰਗਟ ਕੀਤਾ ਏ ਕਿ 21ਵੀਂ ਸਦੀ ਦੇ ਭਾਰਤ ਵਿੱਚ ਵਿਗਿਆਨ ਨਵੀਂ ਊਰਜਾ ਨਾਲ ਤਰੱਕੀ ਕਰ ਰਿਹਾ ਏ। ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਰਾਸ਼ਟਰ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਭਾਰਤੀ ਹਵਾਈ ਫੌਜ ਦੇ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਦੀ ਪੁਲਾੜ ਤੋਂ ਵਾਪਸੀ ਬਾਰੇ ਗੱਲ ਕੀਤੀ। ਉਨ੍ਹਾਂ ਕਿਹਾ ਕਿ ਖੁਸ਼ੀ ਦੀ ਲਹਿਰ ਸੀ, ਅਤੇ ਜਦੋਂ ਭਾਰਤੀ ਪੁਲਾੜ ਯਾਤਰੀ ਧਰਤੀ 'ਤੇ ਸੁਰੱਖਿਅਤ ਉਤਰਿਆ ਤਾਂ ਪੂਰੇ ਦੇਸ਼ ਨੇ ਮਾਣ ਮਹਿਸੂਸ ਕੀਤਾ। ਉਨ੍ਹਾਂ ਕਿਹਾ ਕਿ ਬੱਚੇ ਵਿਗਿਆਨ ਅਤੇ ਪੁਲਾੜ ਬਾਰੇ ਦਿਲਚਸਪੀ ਦਿਖਾਉਣ ਲੱਗ ਪਏ, ਪੁਲਾੜ ਵਿਗਿਆਨੀ ਬਣਨ ਦੀਆਂ ਇੱਛਾਵਾਂ ਵਿਕਸਤ ਕਰਨ ਲੱਗ ਪਏ- byte –

ਸ਼੍ਰੀ ਮੋਦੀ ਨੇ ਉਨ੍ਹਾਂ ਭਾਰਤੀ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਜਿਨ੍ਹਾਂ ਨੇ ਇਸ ਮਹੀਨੇ ਦੇ ਸ਼ੁਰੂ ਵਿੱਚ ਦੁਬਈ ਵਿੱਚ ਹੋਏ ਅੰਤਰਰਾਸ਼ਟਰੀ

ਰਸਾਇਣ ਵਿਗਿਆਨ ਓਲੰਪੀਆਡ ਵਿੱਚ ਤਿੰਨ ਸੋਨੇ ਦੇ , ਦੋ ਚਾਂਦੀ ਦੇ ਅਤੇ ਇੱਕ ਕਾਂਸੀ ਦਾ ਤਮਗਾ ਜਿੱਤ ਕੇ ਦੇਸ਼ ਦਾ ਮਾਣ ਵਧਾਇਆ। ਇਹ ਵਿਦਿਆਰਥੀ ਦੇਵੇਸ਼ ਪੰਕਜ, ਸੰਦੀਪ ਕੁਚੀ, ਦੇਬਦੱਤ ਪ੍ਰਿਯਦਰਸ਼ੀ ਅਤੇ ਉੱਜਵਲ ਕੇਸਰੀ ਨੇ। ਪ੍ਰਧਾਨ ਮੰਤਰੀ ਮੋਦੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਖਗੋਲ ਵਿਗਿਆਨ ਅਤੇ ਖਗੋਲ ਭੌਤਿਕ ਵਿਗਿਆਨ ਓਲੰਪੀਆਡ ਅਗਲੇ ਮਹੀਨੇ ਮੁੰਬਈ ਵਿੱਚ ਹੋਏਗਾ, ਜਿਸ ਵਿੱਚ 60 ਤੋਂ ਵੱਧ ਦੇਸ਼ਾਂ ਦੇ ਵਿਦਿਆਰਥੀ ਹਿੱਸਾ ਲੈਣਗੇ। ਪ੍ਰਧਾਨ ਮੰਤਰੀ ਨੇ ਮਾਣ ਪ੍ਰਗਟ ਕੀਤਾ ਕਿ ਯੂਨੈਸਕੋ ਨੇ 12 ਮਰਾਠਾ ਕਿਲ੍ਹਿਆਂ ਨੂੰ ਵਿਸ਼ਵ ਵਿਰਾਸਤੀ ਸਥਾਨਾਂ ਵਜੋਂ ਮਾਨਤਾ ਦਿੱਤੀ ਏ। ਇਨ੍ਹਾਂ ਵਿੱਚ ਮਹਾਰਾਸ਼ਟਰ ਦੇ ਗਿਆਰਾਂ ਕਿਲ੍ਹੇ ਅਤੇ ਤਾਮਿਲਨਾਡੂ ਦਾ ਇੱਕ ਕਿਲ੍ਹਾ ਸ਼ਾਮਲ ਏ। ਪ੍ਰਧਾਨ ਮੰਤਰੀ ਨੇ ਅੱਗੇ ਦੱਸਿਆ ਕਿ ਸਲਹੇਰ ਕਿਲ੍ਹੇ ਜਿੱਥੇ ਮੁਗਲਾਂ ਨੂੰ ਹਾਰ ਮਿਲੀ ਸੀ, ਤੋਂ, ਸ਼ਿਵਨੇਰੀ ਕਿਲ੍ਹੇ ਜਿੱਥੇ ਛਤਰਪਤੀ ਸ਼ਿਵਾਜੀ ਮਹਾਰਾਜ ਦਾ ਜਨਮ ਹੋਇਆ ਸੀ, ਤੱਕ, ਹਰੇਕ ਕਿਲ੍ਹੇ ਦਾ ਇੱਕ ਅਮੀਰ ਇਤਿਹਾਸ ਏ -byte - ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਅਗਸਤ ਕ੍ਰਾਂਤੀ ਦਾ ਮਹੀਨਾ ਏ , ਜਿਸਨੇ 18 ਸਾਲਾ ਆਜ਼ਾਦੀ ਘੁਲਾਟੀਏ ਖੁਦੀਰਾਮ ਬੋਸ ਦੀ ਹਿੰਮਤ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਜਦੋਂ ਆਜ਼ਾਦੀ ਘੁਲਾਟੀਏ 11 ਅਗਸਤ, 1908 ਨੂੰ ਫਾਂਸੀ ਦੇ ਤਖ਼ਤੇ ਵੱਲ ਤੁਰ ਪਏ, ਤਾਂ ਉਨ੍ਹਾਂ ਦੇ ਚਿਹਰੇ 'ਤੇ ਮੁਸਕਾਨ ਸੀ, ਜਦੋਂ ਕਿ ਬਿਹਾਰ ਦੇ ਮੁਜ਼ੱਫਰਪੁਰ ਦੇ

ਲੋਕਾਂ ਦੀਆਂ ਅੱਖਾਂ ਵਿੱਚ ਹੰਝੂ ਆ ਗਏ, ਜੋ ਜੇਲ੍ਹ ਦੇ ਆਲੇ-ਦੁਆਲੇ ਇਕੱਠੇ ਹੋਏ ਸਨ ਜਿੱਥੇ ਨੌਜਵਾਨ ਦੇਸ਼ ਭਗਤ ਆਪਣੀ ਦੇਸ਼ ਭਗਤੀ ਦੀ ਕੀਮਤ ਅਦਾ ਕਰ ਰਿਹਾ ਸੀ। ਸ੍ਰੀ ਮੋਦੀ ਨੇ ਇਹ ਵੀ ਕਿਹਾ ਕਿ 2047 ਦੇ ਵਿਕਸਿਤ ਭਾਰਤ ਦਾ ਰਾਹ ਆਤਮ ਨਿਰਭਰਤਾ ਤੋਂ ਹੋ ਕੇ ਗੁਜਰਦਾ ਏ ਤੇ ਆਤਮ ਨਿਰਭਰ ਭਾਰਤ ਦੀ ਨੀਂਹ ਤਾਂ ਹਿ ਮਜ਼ਬੂਤ ਹੋਏਗੀ ਜਦੋਂ ਅਸੀਂ ਓਹ ਖਰੀਦੀਏ ਤੇ ਵੇਚੀਏ ਜਿਸ ਨੂੰ ਬਣਾਉਣ ‘ਚ ਕਿਸੇ ਭਾਰਤੀ ਨੇ ਪਸੀਨਾ ਵਹਾਇਆ ਹੋਵੇ. ਮਨ ਕੀ ਬਾਤ ਦੇ ਇਸ ਐਪੀਸੋਡ ਵਿੱਚ, ਪ੍ਰਧਾਨ ਮੰਤਰੀ ਨੇ ਭਾਰਤੀ ਲੋਕ ਗੀਤਾਂ ਅਤੇ ਰਵਾਇਤਾਂ ਵਿੱਚ ਪਾਈ ਜਾਣ ਵਾਲੀ ਭਿੰਨਤਾ ਬਾਰੇ ਵੀ ਗੱਲ ਕੀਤੀ, ਜਿਸ ਵਿੱਚ ਭਜਨ ਅਤੇ ਕੀਰਤਨ ਸ਼ਾਮਲ ਨੇ. ਉਨ੍ਹਾਂ ਨੇ ਓਡੀਸ਼ਾ ਦੇ ਕਿਓਂਝਰ ਜ਼ਿਲ੍ਹੇ ਦੀ ਰਾਧਾਕ੍ਰਿਸ਼ਨ ਸੰਕੀਰਤਨ ਮੰਡਲੀ ਦੀ ਤਾਰੀਫ਼ ਕੀਤੀ, ਜੋ ਜੰਗਲ ਦੀ ਅੱਗ ਬਾਰੇ ਜਾਗਰੂਕਤਾ ਪੈਦਾ ਕਰ ਰਹੀ ਏ । ਪ੍ਰਮਿਲਾ ਪ੍ਰਧਾਨ ਇਸ ਪਹਿਲਕਦਮੀ ਦੇ ਪਿੱਛੇ ਪ੍ਰੇਰਨਾ ਨੇ, ਅਤੇ ਉਨ੍ਹਾਂ ਨੇ ਜੰਗਲਾਂ ਅਤੇ ਚੁਗਿਰਦੇ ਦੀ ਰਾਖੀ ਵਿੱਚ ਮਦਦ ਕਰਨ ਲਈ ਰਵਾਇਤੀ ਗੀਤਾਂ ਵਿੱਚ ਨਵੇਂ ਬੋਲ ਅਤੇ ਸੰਦੇਸ਼ ਸ਼ਾਮਲ ਕੀਤੇ ਨੇ. ਪ੍ਰਧਾਨ ਮੰਤਰੀ ਮੋਦੀ ਨੇ ਹਰਿਆਲੀ ਤੀਜ ਦੇ ਮੌਕੇ 'ਤੇ ਰਾਸ਼ਟਰ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਸਾਉਣ ਦੀ ਬਾਰਸ਼ ਦਰਮਿਆਨ, ਦੇਸ਼ ਇੱਕ ਵਾਰ ਫਿਰ ਤਿਉਹਾਰਾਂ ਦੇ ਜੋਸ਼ ਨਾਲ ਸਜਾਇਆ

ਜਾ ਰਿਹਾ ਏ ।ਉਨ੍ਹਾਂ ਨੇ ਇਸ ਮੌਕੇ 'ਤੇ ਲੋਕਾਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ-byte -

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਰੇਡੀਓ ਪ੍ਰੋਗ੍ਰਾਮ ਮਨ ਕੀ ਬਾਤ ਦੇ 124 ਵੀਂ ਵੇਂ ਪ੍ਰਸਾਰਣ ਦਾ ਇੱਕ ਪ੍ਰੋਗ੍ਰਾਮ ਭਾਜਪਾ ਨੇਤਾ ਤਰਨ ਚੁੱਘ ਦੇ ਦਫਤਰ ਵਿੱਚ ਰੱਖਿਆ ਗਿਆ ਜਿਥੇ ਸਭ ਨੇ ਰਲ ਕੇ ਮਨ ਕੀ ਬਾਤ ਪ੍ਰੋਗ੍ਰਾਮ ਸੁਣਿਆ. ਇਸ ਮੌਕੇ ਸ਼੍ਰੀ ਚੁਘ ਨੇ ਕਿਹਾ ਕਿ ਮਨ ਕਿ ਬਾਤ ਦਾ ਇਹ ਐਪੀਸੋਡ ਵੀ ਪਿਛਲੇ ਹਰ ਐਪੀਸੋਡ ਦੀ ਤਰ੍ਹਾਂ ਹੀ ਪ੍ਰੇਰਨਾਦਾਇਕ ਸੀ – byte –

-----------------------------------------------------------

ਅੱਜ ਦੇਸ਼ ਸਾਬਕਾ ਰਾਸ਼ਟਰਪਤੀ ਅਤੇ ਪ੍ਰਸਿੱਧ ਵਿਗਿਆਨੀ ਡਾ. ਏਪੀਜੇ ਅਬਦੁਲ ਕਲਾਮ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ । ਡਾ. ਕਲਾਮ ਨੇ ਦੇਸ਼ ਦੇ ਪੁਲਾੜ ਅਤੇ ਮਿਜ਼ਾਈਲ ਪ੍ਰੋਗਰਾਮ ਵਿੱਚ ਵੱਡੀ ਭੂਮਿਕਾ ਨਿਭਾਈ। ਉਨ੍ਹਾਂ ਨੂੰ ਮਿਜ਼ਾਈਲ ਮੈਨ ਵਜੋਂ ਵੀ ਜਾਣਿਆ ਜਾਂਦਾ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਡਾ. ਕਲਾਮ ਇੱਕ ਦੂਰਅੰਦੇਸ਼, ਅਸਾਧਾਰਨ ਵਿਗਿਆਨੀ, ਪ੍ਰੇਰਨਾਦਾਇਕ ਸ਼ਖਸੀਅਤ ਅਤੇ ਇੱਕ ਮਹਾਨ ਦੇਸ਼ ਭਗਤ

ਸਨ। ਉਨ੍ਹਾਂ ਕਿਹਾ ਕਿ ਡਾ. ਕਲਾਮ ਦੇ ਵਿਚਾਰ ਨੌਜਵਾਨਾਂ ਨੂੰ ਇੱਕ ਵਿਕਸਤ ਅਤੇ ਮਜ਼ਬੂਤ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਦੇ ਨੇ.

---------------------------------------------------------

ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪਹਿਲੀ ਅਗਸਤ ਤੋਂ ਨਸ਼ਿਆਂ ਵਿਰੁੱਧ ਵਿਸ਼ੇ ਦੀ ਪੜਾਈ ਸ਼ੁਰੂ ਹੋਵੇਗੀ । ਇਹ ਜਾਣਕਾਰੀ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਸਕੂਲ ਆਫ ਐਮੀਨੈਂਸ ਨੰਗਲ ਵਿੱਚ ਇਲੈਕਟ੍ਰਾਨਿਕ ਮੀਡੀਆ ਪ੍ਰੈਸ ਕਲੱਬ ਵੱਲੋਂ ਕਰਾਏ ਯੁੱਧ ਨਸ਼ਿਆਂ ਵਿਰੁੱਧ ਸੈਮੀਨਾਰ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਦਿੱਤੀ. ਉਨਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਸਰਕਾਰ ਦਾ ਇੱਕ ਅਜਿਹਾ ਸ਼ਾਨਦਾਰ ਉਪਰਾਲਾ ਏ ਜਿਸ ਨੂੰ ਪੱਤਰਕਾਰ ਭਾਈਚਾਰੇ ਨੇ ਆਪਣਾ ਪੂਰਾ ਸਹਿਯੋਗ ਦਿੱਤਾ ਏ. ਸਿੱਖਿਆ ਮੰਤਰੀ ਨੇ ਨੰਗਲ ਵਿੱਚ 500 ਸੀਟਾਂ ਵਾਲਾ ਆਡੀਟੋਰੀਅਮ ਦੇਣ ਦਾ ਐਲਾਨ ਕਰਦੇ ਹੋਏ ਕਿਹਾ ਕਿ ਨੰਗਲ ਦੇ ਸਰਕਾਰੀ ਸਕੂਲ ਵਿਚ ਪਹਿਲਾਂ ਹੀ ਹਰ ਮੌਸਮ ‘ਚ ਚਲ ਸਕਣ ਵਾਲਾ ਸਵੀਵਿੰਗ ਪੂਲ ਬਣਾਇਆ ਜਾ ਰਿਹਾ ਏ, ਤੇ ਹੁਣ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਵਿਸ਼ੇ ਦੀ ਪੜਾਈ ਕਰਵਾਈ

ਜਾਵੇਗੀ ਜਿਸ ਨਾਲ ਹਰ ਘਰ ਤੱਕ ਨਸ਼ਾ ਖਤਮ ਕਰਨ ਦੀ ਅਵਾਜ ਪੰਹੁਚੇਗੀ।

------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਾਣ ਪ੍ਰਗਟ ਕੀਤਾ ਏ ਕਿ 21ਵੀਂ ਸਦੀ ਦੇ ਭਾਰਤ ਵਿੱਚ ਵਿਗਿਆਨ, ਨਵੀਂ ਊਰਜਾ ਨਾਲ ਅੱਗੇ ਵਧ ਰਿਹਾ ਏ । ਓਹਨਾਂ ਕਿਹਾ ਕਿ ਭਾਰਤੀ ਪੁਲਾੜ ਯਾਤਰੀ ਸ਼ੁਭਾਂਸ਼ੂ ਸ਼ੁਕਲਾ ਦੀ ਸੁਰੱਖਿਅਤ ਵਾਪਸੀ ਨਾਲ ਪੂਰੇ ਦੇਸ਼ ਵਿੱਚ ਖੁਸ਼ੀ ਦੀ ਲਹਿਰ ਏ ।
- ਆਕਾਸ਼ਵਾਣੀ'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ - ਸਿਰਫ ਆਤਮ-ਨਿਰਭਰਤਾ ਹੀ 2047 ਵਿੱਚ ਇੱਕ ਵਿਕਸਤ ਭਾਰਤ ਬਣਾਏਗੀ।
- ਪੰਜਾਬ ਪੁਲਿਸ ਨੇ ਅੰਮ੍ਰਿਤਸਰ ਵਿੱਚ, ਅਤਿ-ਆਧੁਨਿਕ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਇੱਕ ਵੱਡੇ ਸਰਹੱਦ ਪਾਰ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ, ਪਾਕਿਸਤਾਨੀ ਏਜੇਂਸੀ, ISI ਨਾਲ ਸਬੰਧ ਰੱਖਣ ਦੇ ਦੋਸ਼ ਵਿੱਚ, ਪੰਜ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਏ।
- ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪਹਿਲੀ ਅਗਸਤ ਤੋਂ ਨਸ਼ਿਆਂ ਵਿਰੁੱਧ ਵਿਸ਼ੇ ਦੀ ਪੜਾਈ ਸ਼ੁਰੂ ਹੋਵੇਗੀ ।

- ਪੰਜਾਬ ਵਿੱਚ, ਅੱਜ ਕਈ ਪਿੰਡਾਂ 'ਚ ਪੰਚਾਇਤੀ ਜ਼ਿਮਨੀ ਚੋਣਾਂ ਲਈ ਵੋਟਾਂ ਪਈਆਂ.

ਆਕਾਸ਼ਵਾਣੀ ਤੋਂ ਖਬਰਾਂ ਖਤ ਹੋਈਆਂ ਖਬਰਾਂ ਦਾ ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ ਸ਼ਾਮ ਸਾਢੇ 7 ਵਜੇ . ਨਮਸ੍ਕਾਰ